Office of The Executive Engineer, Provl. Divn. PWDB&RBathinda
Third Floor, Distt. Administrative Complex, Bathinda
Ph. No. 0164-2212878, E-mail ID-xenbtiprovl@gmail.com

**APPNENDIX - XI**

## BUILDING SAFETY CERTIFICATE

**No:-** 1909 **Dated:** 21/05/2025

Certified that the existing building... **SILVER OAKS GLOBAL SCHOOL** ... (name of the building or premises) at **....SUSHANT CITY-II, BATHINDA....**(address) comprise of...**0**...basement (s)**...3...**upper floors)owned/ occupied by... **SILVER OAKS GLOBAL SCHOOL, SUSHANT CITY-II, BATHINDA** ...(name of the Institution) appears to be safe by visual inspection as verified by the officers concerned of ......**PWD (B&R)**......(Name of Department/ Govt.) on...**06.05.2025......**(date of inspection) in the presence of.........**Principal.........**(name and addresses of the Manager/Secretary or his representative) and that the building/premises is fit for occupancy with effect from **...01-04-2025...**for a period of......**one**...... *years in accordance with rule and subject to* compliance of the specific conditions as appended.

1. The School will ensure that the District Fire Officer Bathinda will issue the Fire safety certificate for the school upto the period of issuance of this certificate.
2.
3.
4.

Vaild upto ....31.03.2026........by

* Strike out whichever is not applicable.

Principal
SILVER OAKS SCHOOL
Sushant City-II, Bathinda

**Executive Engineer,**
**Provincial Division PWD B&R**
**Bathinda**

Director
SILVER OAKS SCHOOL
Sushant City-II, Bathinda

ਵੱਲ,

Principal
Silver Oaks Global School,
Sushant City-II, Bathinda.

ਨੰ: 1909 ਮਿਤੀ: 21/05/2025

**ਵਿਸ਼ਾ: ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ- Silver Oaks Global School, Sushant City-II, Bathinda.**

ਉਪਰੋਕਤ ਵਿਸ਼ੇ ਅੰਕਿਤ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2025-26 ਲੈਣ ਲਈ ਆਪ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪਦੇ ਸਕੂਲ ਦੀ ਬਿਲਡਿੰਗ ਦੀ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2025-26 ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ: 31.03.2026 ਤੱਕ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਕੋਲ ਕਿਸੇ ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅੱਪਡੇਟ ਕਰਦੇ ਰਹਿਣਾ ਚਾਹੀਦਾ ਹੈ।
2. ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।
3. ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।
4. ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਸਰਟੀਫਿਕੇਟ, ਇਲੈਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
5. ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।
6. Vikas Bansal Associates ਵੱਲੋਂ ਆਪਣੇ ਪੱਤਰ ਮਿਤੀ: 07.04.2025 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2025-26 ਲਈ ਵਰਤੋਂ ਲਈ ਸੁਰੱਖਿਅਤ ਹੈ, ਪ੍ਰੰਤੂ ਇਸ ਬਿਲਡਿੰਗ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਬਿਲਡਿੰਗ ਦੀ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।
7. ਸਕੂਲ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।
8. ਬਿਲਡਿੰਗ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਈ.ਚਲਾਨ ਰਸੀਟ ਨੰ: 17392447/ CPAFCLSIT1 ਮਿਤੀ.08.04.2025 ਰਾਹੀਂ ਵੀਹ ਹਜ਼ਾਰ ਰੁਪਏ (20,000/-) ਬਿਲਡਿੰਗ ਨਿਰੀਖਣ ਫੀਸ ਵਜੋਂ ਜਮ੍ਹਾਂ ਕਰਵਾ ਦਿੱਤੇ ਗਏ ਹਨ।
9. ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।
10. **ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ ਮਿਤੀ.20.04.2026 ਤੱਕ ਵੈਲਿਡ ਹੈ ਅਤੇ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ:31.03.2026 ਤੱਕ ਇਸ ਸ਼ਰਤ ਤੇ ਜਾਰੀ ਕੀਤਾ ਜਾਂਦਾ ਹੈ ਕਿ ਸਕੂਲ ਪ੍ਰਬੰਧਨ ਸਮੇ ਸਿਰ ਫਾਇਰ ਸੇਫਟੀ ਸਰਟੀਫਿਕੇਟ ਰੀਨਿਊ ਕਰਵਾਉਣ ਦਾ ਪਾਬੰਦ ਹੋਵੇਗਾ, ਨਾ ਕਰਨ ਦੀ ਸੂਰਤ ਵਿੱਚ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।**

ਨੱਥੀ/ ਨਕਸ਼ਾ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਬਠਿੰਡਾ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ ਪ੍ਰਾਂਤਕ ਉਪ ਮੰਡਲ ਨੰ.1 ਭ ਤੇ ਮ ਸ਼ਾਖਾ, ਬਠਿੰਡਾ ਨੂੰ ਉਨ੍ਹਾਂ ਦੇ ਪੱਤਰ ਨੰ: 117 ਮਿਤੀ: 19.05.2025 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਬਠਿੰਡਾ।

Principal
SILVER OAKS SCHOOL
Sushant City-II, Bathinda

Director
SILVER OAKS SCHOOL
Sushant City-II, Bathinda